# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 03-02-2026**

ਕੇਂਦਰੀ ਰੇਲ ਮੰਤਰੀ, ਅਸ਼ਵਨੀ ਵੈਸ਼ਨਵ ਨੇ ਉਮੀਦ ਪ੍ਰਗਟਾਈ ਏ ਕਿ ਹਰਿਆਣਾ ਵਿੱਚ ਹਾਈਡ੍ਰੋਜਨ ਨਾਲ ਚੱਲਣ ਵਾਲੀ ਰੇਲਗੱਡੀ ਦਾ ਉਦਘਾਟਨ ਜਲਦੀ ਹੀ ਕੀਤਾ ਜਾਵੇਗਾ ਤੇ ਰਾਜ ਵਿੱਚ ਇਸ ਸਬੰਧੀ ਪਰਖਾਂ ਦੇ ਕੰਮ ਚੱਲ ਰਹੇ ਨੇ। ਬੀਤੇ ਕੱਲ੍ਹ ਅੰਬਾਲਾ ਵਿੱਚ ਰੇਲਵੇ ਅਧਿਕਾਰੀਆਂ ਨੂੰ ਵਰਚੁਅਲੀ ਜਾਣਕਾਰੀ ਦਿੰਦੇ ਹੋਏ, ਮੰਤਰੀ ਨੇ ਦੱਸਿਆ ਕਿ ਪੰਜਾਬ ਅਤੇ ਹਰਿਆਣਾ ਦੋਵਾਂ ਨੂੰ ਇਸ ਸਾਲ ਯੂ.ਪੀ.ਏ. ਸ਼ਾਸਨ ਦੇ ਮੁਕਾਬਲੇ ਰੇਲ ਬੁਨਿਆਦੀ ਢਾਂਚੇ ਅਤੇ ਸੰਪਰਕ ਨੂੰ ਮਜ਼ਬੂਤ ਕਰਨ ਲਈ ਰਿਕਾਰਡ ਬਜਟ ਅਲਾਟ ਕੀਤਾ ਗਿਆ ਏ। ਰੇਲਵੇ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਵੀ ਇਸ ਮੌਕੇ ਉਨ੍ਹਾਂ ਦੇ ਨਾਲ ਸਨ। ਪੰਜਾਬ ਬਾਰੇ ਸ੍ਰੀ ਵੈਸ਼ਨਵ ਨੇ ਕਿਹਾ ਕਿ ਸਰਹੱਦੀ ਰਾਜ ਨੂੰ ਰੇਲਵੇ ਬਜਟ ਵਿੱਚ ਰਿਕਾਰਡ 5 ਹਜ਼ਾਰ 673 ਕਰੋੜ ਰੁਪਏ ਅਲਾਟ ਕੀਤੇ ਗਏ ਨੇ, ਜੋ ਕਿ

ਯੂ.ਪੀ.ਏ. ਸਰਕਾਰ ਦੇ ਕਾਰਜਕਾਲ ਦੌਰਾਨ ਔਸਤ ਅਲਾਟਮੈਂਟ ਨਾਲੋਂ ਲਗਭਗ 25 ਗੁਣਾ ਵੱਧ ਏ। ਉਨ੍ਹਾਂ ਅੱਗੇ ਕਿਹਾ ਕਿ ਰਾਜ ਰੇਲਵੇ ਨਾਲ ਸਬੰਧਤ 26 ਹਜ਼ਾਰ 382 ਕਰੋੜ ਦੇ ਕੰਮ ਇਸ ਸਮੇਂ ਪ੍ਰਗਤੀ ਅਧੀਨ ਨੇ। ਉਨ੍ਹਾਂ ਕਿਹਾ ਕਿ ਅਮ੍ਰਿਤ ਸਟੇਸ਼ਨ ਯੋਜਨਾ ਤਹਿਤ, 30 ਰੇਲਵੇ ਸਟੇਸ਼ਨਾਂ ਦਾ ਨਵੀਨੀਕਰਨ ਕੀਤਾ ਜਾ ਰਿਹਾ ਏ। ਇਸ ਦੇ ਨਾਲ, ਪੰਜਾਬ ਨੇ 100 ਫੀਸਦੀ ਰੇਲਵੇ ਬਿਜਲੀਕਰਨ ਕੀਤਾ ਏ, ਜਿਸ ਨਾਲ ਸੰਚਾਲਨ ਕੁਸ਼ਲਤਾ, ਸੰਪਰਕ ਅਤੇ ਚੌਗਿਰਦਾ ਸਥਿਰਤਾ ਵਿੱਚ ਅਹਿਮ ਸੁਧਾਰ ਹੋਇਆ ਏ। ਰੇਲ ਮੰਤਰੀ ਨੇ ਕਿਹਾ ਕਿ ਹਰਿਆਣਾ ਨੂੰ ਰੇਲਵੇ ਬਜਟ ਵਿੱਚ ਰਿਕਾਰਡ 3 ਹਜ਼ਾਰ 566 ਕਰੋੜ ਰੁਪਏ ਅਲਾਟ ਕੀਤੇ ਗਏ ਨੇ। ਰਾਜ ਵਿੱਚ 12 ਹਜ਼ਾਰ ਕਰੋੜ ਰੁਪਏ ਦੇ ਰੇਲਵੇ ਪ੍ਰੋਜੈਕਟ ਪ੍ਰਗਤੀ ਦੇ ਵੱਖ-ਵੱਖ ਪੜਾਵਾਂ 'ਤੇ ਨੇ। ਉਨ੍ਹਾਂ ਕਿਹਾ ਕਿ ਹਰਿਆਣਾ ਵਿੱਚ 100 ਫੀਸਦੀ ਰੇਲਵੇ ਬਿਜਲੀਕਰਨ ਪੂਰਾ ਹੋ ਗਿਆ ਏ ਅਤੇ 34 ਰੇਲਵੇ ਸਟੇਸ਼ਨਾਂ 'ਤੇ ਨਵੀਨੀਕਰਨ ਦਾ ਕੰਮ ਚੱਲ ਰਿਹਾ ਏ। ਵੰਦੇ ਭਾਰਤ ਅਤੇ ਅੰਮ੍ਰਿਤ ਭਾਰਤ ਟ੍ਰੇਨਾਂ ਦੀ ਸ਼ੁਰੂਆਤ ਨਾਲ ਰਾਜ ਵਿੱਚ ਯਾਤਰੀਆਂ ਦੀ ਸਹੂਲਤ ਅਤੇ ਸੰਪਰਕ ਵਿੱਚ ਵੱਡਾ ਵਾਧਾ ਹੋਇਆ ਏ। ਸ਼੍ਰੀ ਵੈਸ਼ਨਵ ਨੇ ਕਿਹਾ ਕਿ

ਚੰਡੀਗੜ੍ਹ ਰੇਲਵੇ ਸਟੇਸ਼ਨ ਦੀ ਮੁੜ ਉਸਾਰੀ ਦਾ ਕੰਮ ਤੇਜ਼ ਰਫ਼ਤਾਰ ਨਾਲ ਚੱਲ ਰਿਹਾ ਏ। ਹੁਣ ਤੱਕ ਲਗਭਗ ਦੋ ਸਾਲ ਦਾ ਕੰਮ ਪੂਰਾ ਹੋ ਚੁੱਕਾ ਏ ਅਤੇ ਬਾਕੀ ਕੰਮ ਅਗਲੇ ਤਿੰਨ ਸਾਲਾਂ ਵਿੱਚ ਪੂਰਾ ਹੋ ਜਾਵੇਗਾ। ਉਨ੍ਹਾਂ ਸਪੱਸ਼ਟ ਕੀਤਾ ਕਿ ਚੰਡੀਗੜ੍ਹ ਵਿੱਚ ਇੱਕ ਪੂਰੀ ਤਰ੍ਹਾਂ ਨਵਾਂ ਅਤੇ ਆਧੁਨਿਕ ਰੇਲਵੇ ਸਟੇਸ਼ਨ ਬਣਾਇਆ ਜਾ ਰਿਹਾ ਏ।

------------------------------------------------------------

ਨੈਸ਼ਨਲ ਡਿਫੈਂਸ ਕਾਲਜ, ਨਵੀਂ ਦਿੱਲੀ ਦੇ ਇੱਕ ਵਫ਼ਦ ਨੇ ਬੀਤੇ ਕੱਲ੍ਹ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਾਲ ਮੁਲਾਕਾਤ ਕੀਤੀ। ਮੀਟਿੰਗ ਦੌਰਾਨ ਮੁੱਖ ਮੰਤਰੀ ਨੇ ਦੇਸ਼ ਦੀ ਏਕਤਾ ਅਤੇ ਪ੍ਰਭੂਸੱਤਾ ਵਿੱਚ ਸੂਬੇ ਦੇ ਬੇਮਿਸਾਲ ਯੋਗਦਾਨ, ਬਹਾਦਰੀ ਅਤੇ ਭਾਈਚਾਰਕ ਸਾਂਝ, ਸ਼ਾਨਾਮੱਤੀ ਵਿਰਾਸਤ ਅਤੇ ਭਾਰਤ ਦੀ ਖੜਗ਼ਭੁਜਾ ਅਤੇ ਅੰਨਦਾਤੇ ਵਜੋਂ ਪੰਜਾਬ ਦੇ ਯੋਗਦਾਨ ਦਾ ਜ਼ਿਕਰ ਕੀਤਾ। ਨੈਸ਼ਨਲ ਡਿਫੈਂਸ ਕਾਲਜ ਦਾ ਵਫਦ 2 ਤੋਂ 6 ਫਰਵਰੀ ਤੱਕ ਪੰਜਾਬ ਦਾ ਦੌਰਾ ਕਰ ਰਿਹਾ ਏ। ਵਫ਼ਦ ਦਾ ਸਵਾਗਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਸਮਾਜਿਕ-ਰਾਜਨੀਤਿਕ

ਅਧਿਐਨ ਦੌਰਾ ਪੰਜਾਬ ਦੇ ਸਮਾਜਿਕ, ਆਰਥਿਕ, ਰਾਜਨੀਤਿਕ ਅਤੇ ਹੋਰ ਖੇਤਰਾਂ ਨੂੰ ਸਮਝਣ ਅਤੇ ਸਿੱਖਣ ਲਈ ਦਾ ਨਿਵੇਕਲਾ ਯਤਨ ਏ।

---------------------------------------------------------------

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਅੱਜ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਫਰੀਦਕੋਟ ਦੇ ਪਿੰਡ ਸੰਧਵਾਂ ਤੋਂ ਸ਼ਰਧਾਲੂਆਂ ਦੀ ਤੀਜੀ ਬੱਸ ਨੂੰ ਹਰੀ ਝੰਡੀ ਵਿਖਾ ਕੇ ਰਵਾਨਾ ਕੀਤਾ। ਬੱਸ ਰਾਹੀਂ ਯਾਤਰੀਆਂ ਨੂੰ ਸ੍ਰੀ ਅੰਮ੍ਰਿਤਸਰ ਸਾਹਿਬ, ਦੁਰਗਿਆਣਾ ਮੰਦਰ, ਰਾਮਤੀਰਥ  ਤੋਂ ਇਲਾਵਾ ਹੋਰ ਵੱਖ-ਵੱਖ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਵਾਏ ਜਾਣਗੇ। ਸਪੀਕਰ ਸੰਧਵਾਂ ਨੇ ਕਿਹਾ ਕਿ ਯੋਜਨਾ ਦਾ ਮੁੱਖ ਉਦੇਸ਼ ਸੰਗਤ ਨੂੰ ਆਸਾਨ, ਸੁਰੱਖਿਅਤ ਅਤੇ ਮੁਫ਼ਤ ਤੀਰਥ ਦਰਸ਼ਨ ਕਰਵਾਉਣਾ ਏ। ਉਨ੍ਹਾਂ ਦੱਸਿਆ ਕਿ ਇਸ ਯੋਜਨਾ ਨਾਲ ਲੋਕਾਂ ਦੀ ਧਾਰਮਿਕ ਆਸਥਾ ਨੂੰ ਮਜ਼ਬੂਤੀ ਮਿਲ ਰਹੀ ਏ ਅਤੇ ਧਾਰਮਿਕ ਤੇ ਸਮਾਜਿਕ ਸਾਂਝ ਹੋਰ ਮਜ਼ਬੂਤ ਹੋ ਰਹੀ ਏ।

---------------------------------------------------------------

ਪੰਜਾਬ ਸਰਕਾਰ ਵੱਲੋਂ ਬਜ਼ੁਰਗਾਂ ਦੀ ਸੇਵਾ, ਸਤਿਕਾਰ ਅਤੇ ਸਮਾਜਿਕ

ਸੁਰੱਖਿਆ ਨੂੰ ਸਮਰਪਿਤ 'ਸਾਡੇ ਬਜ਼ੁਰਗ, ਸਾਡਾ ਮਾਣ' ਸਮਾਗਮ ਬੀਤੇ ਕੱਲ੍ਹ ਮਲੋਟ ਵਿਖੇ ਕਰਵਾਇਆ ਗਿਆ। ਇਸ ਮੌਕੇ ਮੁੱਖ ਮਹਿਮਾਨ ਵਜੋਂ ਪੁੱਜੇ ਸੂਬੇ ਦੇ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਵੱਲੋਂ ਸਮਾਜ ਦੇ ਵੱਖ-ਵੱਖ ਖੇਤਰਾਂ ਵਿੱਚ ਯੋਗਦਾਨ ਪਾਉਣ ਵਾਲੇ ਬੁਜ਼ੁਰਗ ਨਾਗਰਿਕਾਂ ਨੂੰ ਸਨਮਾਨਿਤ ਕਰਕੇ ਉਨ੍ਹਾਂ ਦੀ ਜੀਵਨ ਭਰ ਦੀ ਸੇਵਾ ਅਤੇ ਤਜਰਬੇ ਨੂੰ ਨਮਨ ਕੀਤਾ ਗਿਆ। ਇਸ ਮੌਕੇ ਡਾ. ਬਲਜੀਤ ਕੌਰ ਨੇ ਕਿਹਾ ਕਿ ਪੰਜਾਬ ਦੇ ਬਜ਼ੁਰਗ ਵਰਗ ਦੀ ਸਿਹਤ ਅਤੇ ਹੋਰ ਸੱਮਸਿਆਵਾਂ ਨੂੰ ਧਿਆਨ ਵਿਚ ਰੱਖਦੇ ਹੋਏ ਵਿਭਾਗ ਵਲੋਂ ਕੈਂਪ ਲਾਏ ਜਾ ਰਹੇ ਨੇ। ਇਸੇ ਲੜੀ ਤਹਿਤ ਮਲੋਟ ਵਿਚ ਲਾਏ ਜ਼ਿਲ੍ਹਾ ਪੱਧਰੀ ਕੈਂਪ ਵਿਚ ਇਕ ਹਜ਼ਾਰ ਤੋਂ ਵੱਧ ਰਜ਼ਿਸਟ੍ਰੇਸ਼ਨ ਹੋ ਚੁੱਕੀ ਏ। ਕੈਂਪ ਵਿੱਚ ਵੱਖ-ਵੱਖ ਸਹੂਲਤਾਂ ਜਿਵੇਂ ਹੈਲਥ ਚੈਕਅਪ ਦੇ ਨਾਲ ਜੇ ਕਿਸੇ ਨੂੰ ਸਰਜਰੀ ਦੀ ਲੋੜ ਏ, ਉਹ ਵੀ ਰਜਿਸਟਰ ਕੀਤੇ ਗਏ ਨੇ।

---------------------------------------------------------

ਬੀਤੀ ਰਾਤ ਹੁਸ਼ਿਆਰਪੁਰ ਵਿੱਚ ਵਾਪਰੇ ਇੱਕ ਸੜਕ ਹਾਦਸੇ ਵਿੱਚ ਸਕੂਟਰ ਸਵਾਰ ਚਾਰ ਵਿਅਕਤੀਆਂ ਦੀ ਮੌਤ ਹੋ ਗਈ ਏ। ਪੁਲਿਸ

ਹਲਕਿਆਂ ਮੁਤਾਬਿਕ ਵੇਟਰ ਦਾ ਕੰਮ ਕਰਨ ਵਾਲੇ ਇਹ ਚਾਰੇ ਵਿਅਕਤੀ ਇੱਕ ਮੈਰਿਜ ਪੈਲੇਸ ਤੋਂ ਆਪਣੇ ਸਕੂਟਰ 'ਤੇ ਵਾਪਸ ਆ ਰਹੇ ਸਨ, ਜਦੋਂ ਇੱਕ ਕਾਰ ਨੇ ਉਨ੍ਹਾਂ ਨੂੰ ਟੱਕਰ ਮਾਰ ਦਿੱਤੀ ਤੇ ਹਾਦਸੇ ਵਿਚ ਚਾਰਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ। ਮ੍ਰਿਤਕਾਂ ਵਿੱਚ ਦੋ ਵਿਅਕਤੀ ਸਥਾਨਕ ਨੇ ਜਦੋਂਕਿ ਦੋ ਹੋਰ ਦਰਭੰਗਾ ਤੇ ਬਿਹਾਰ ਤੋਂ ਨੇ। ਪੁਲਿਸ ਨੇ ਮਾਮਲਾ ਦਰਜ ਕਰ ਲਿਆ ਏ।

---------------------------------------------------

ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਦੋ ਹਫ਼ਤੇ ਪਹਿਲਾਂ ਸ਼ੁਰੂ ਕੀਤੀ ਮੁਹਿੰਮ 'ਗੈਂਗਸਟਰਾਂ ਤੇ ਵਾਰ' ਤਹਿਤ ਪੰਜਾਬ ਪੁਲਿਸ ਨੇ ਹੁਣ ਤੱਕ ਸੂਬੇ ਭਰ ਵਿੱਚ 14 ਹਜ਼ਾਰ 382 ਥਾਵਾਂ 'ਤੇ ਛਾਪੇਮਾਰੀ ਕਰਕੇ 4 ਹਜ਼ਾਰ 233 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਏ, ਜਿਨ੍ਹਾਂ ਵਿੱਚ ਗੈਂਗਸਟਰ ਅਤੇ ਉਨ੍ਹਾਂ ਨਾਲ ਜੁੜੇ ਅਪਰਾਧੀ ਸ਼ਾਮਲ ਨੇ । ਇਸ ਮੁਹਿੰਮ ਤਹਿਤ ਐਂਟੀ-ਗੈਂਗਸਟਰ ਟਾਸਕ ਫੋਰਸ (ਏ.ਜੀ.ਟੀ.ਐਫ.) ਦੇ ਤਾਲਮੇਲ ਨਾਲ ਸਾਰੇ ਜ਼ਿਲ੍ਹਿਆਂ ਦੀਆਂ ਪੁਲਿਸ ਟੀਮਾਂ ਗੈਂਗਸਟਰਾਂ ਦੇ ਸਾਥੀਆਂ ਦੇ ਪਛਾਣੇ ਗਏ ਅਤੇ ਮੈਪ ਕੀਤੇ ਟਿਕਾਣਿਆਂ 'ਤੇ ਛਾਪੇਮਾਰੀ ਕਰ ਰਹੀਆਂ

ਨੇ। ਵਿਸ਼ੇਸ਼ ਡੀਜੀਪੀ ਕਾਨੂੰਨ ਅਤੇ ਵਿਵਸਥਾ ਅਰਪਿਤ ਸ਼ੁਕਲਾ ਨੇ ਮੀਡੀਆ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਪੁਲਿਸ ਟੀਮਾਂ ਨੇ ਗ੍ਰਿਫ਼ਤਾਰ ਵਿਅਕਤੀਆਂ ਦੇ ਕਬਜ਼ੇ ਤੋਂ 116 ਹਥਿਆਰਾਂ ਸਮੇਤ 262 ਜ਼ਿੰਦਾ ਕਾਰਤੂਸ ਅਤੇ 23 ਮੈਗਜ਼ੀਨ ਬਰਾਮਦ ਕੀਤੇ ਨੇ।

--------------------------------------------------

ਫਿਰੋਜ਼ਪੁਰ ਪੁਲਿਸ ਨੇ ਇੱਕ ਵਿਅਕਤੀ ਨੂੰ ਸਾਢੇ ਪੰਜ ਕਿਲੋਗ੍ਰਾਮ ਤੋਂ ਵੱਧ ਹੈਰੋਇਨ ਸਮੇਤ ਗ੍ਰਿਫ਼ਤਾਰ ਕਰਕੇ ਸਰਹੱਦ ਪਾਰਲੇ ਨਸ਼ਾ ਤਸਕਰੀ ਮਾਡਿਊਲ ਦਾ ਪਰਦਾਫਾਸ਼ ਕੀਤਾ ਏ। ਮੁੱਢਲੀ ਜਾਂਚ ਵਿੱਚ ਦੋਸ਼ੀ ਦੇ ਪਾਕਿਸਤਾਨ ਸਥਿਤ ਤਸਕਰਾਂ ਨਾਲ ਸਬੰਧਾਂ ਦਾ ਖੁਲਾਸਾ ਹੋਇਆ ਏ। ਇਸ ਸਬੰਧੀ ਐਫ.ਆਈ.ਆਰ. ਦਰਜ ਕਰ ਲਈ ਗਈ ਏ ਅਤੇ ਟੀਮਾਂ ਮਾਮਲੇ ਦੀ ਜਾਂਚ ਕਰ ਰਹੀਆਂ ਨੇ।

--------------------------------------------------